# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :10-01-2026**

ਯੁਵਾ ਮਾਮਲੇ ਅਤੇ ਖੇਡ ਮੰਤਰੀ ਮਨਸੁਖ ਮਾਂਡਵੀਆ ਨੇ ਅੱਜ ਕਿਹਾ ਕਿ ਦੇਸ਼ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਨੌਜਵਾਨ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ । ਨਵੀਂ ਦਿੱਲੀ ਵਿੱਚ ਵਿਕਸਤ ਭਾਰਤ ਯੁਵਾ ਨੇਤਾ ਸੰਵਾਦ-2026 ਦੇ ਉਦਘਾਟਨ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮਾਂਡਵੀਆ ਨੇ ਕਿਹਾ ਕਿ ਇਹ ਸੰਵਾਦ ਨੌਜਵਾਨ ਨੇਤਾਵਾਂ ਨੂੰ ਤਕਨਾਲੋਜੀ, ਉੱਦਮਤਾ, ਸ਼ਾਸਨ, ਟਿਕਾਊ ਅਤੇ ਸਮਾਜਿਕ ਵਿਕਾਸ ਵਰਗੇ ਖੇਤਰਾਂ ਵਿੱਚ ਮੁੱਦਿਆਂ ਨੂੰ ਹੱਲ ਕਰਨ ਲਈ ਉਤਸ਼ਾਹਿਤ ਕਰੇਗਾ। ਕੇਂਦਰੀ ਮੰਤਰੀ ਨੇ ਕਿਹਾ ਕਿ ਇਹ ਸੰਵਾਦ 2047 ਤੱਕ ਵਿਕਸਤ ਭਾਰਤ ਬਣਾਉਣ ਲਈ ਨੌਜਵਾਨਾਂ ਦੀ ਪ੍ਰਤਿਭਾ ਅਤੇ ਸਿਰਜਣਾਤਮਕਤਾ ਨੂੰ ਪਛਾਣਨ ਦੀ ਇੱਕ ਪ੍ਰਕਿਰਿਆ ਏ ।BYTE:

ਵਿਕਸਤ ਭਾਰਤ ਯੁਵਾ ਨੇਤਾ ਸੰਵਾਦ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਮਾਂਡਵੀਆ ਨੇ ਕਿਹਾ ਕਿ ਇਹ ਮੰਚ ਰਾਸ਼ਟਰ ਨਿਰਮਾਣ ਵਿੱਚ

ਨੌਜਵਾਨਾਂ ਨੂੰ ਸਰਗਰਮੀ ਨਾਲ ਸ਼ਾਮਲ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ ।

---------------------------------------------------------------------

ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਅੱਜ ਮੋਹਾਲੀ ਜ਼ਿਲ੍ਹੇ ਵਿੱਚ ਕਈ ਥਾਵਾਂ 'ਤੇ 6 ਨਵੇਂ ਬਣੇ ਬੈਡਮਿੰਟਨ ਕੋਰਟ ਅਤੇ ਦੋ ਵਾਲੀਬਾਲ ਕੋਰਟ ਦਾ ਉਦਘਾਟਨ ਕੀਤਾ। ਇਹ ਖੇਡ ਸਹੂਲਤਾਂ, ਸੰਸਦ ਮੈਂਬਰ ਸਥਾਨਕ ਖੇਤਰ ਵਿਕਾਸ ਯੋਜਨਾ ਫੰਡਾਂ ਦੀ ਵਰਤੋਂ ਕਰਕੇ ਵਿਕਸਤ ਕੀਤੀਆਂ ਗਈਆਂ ਨੇ ਅਤੇ ਇਹ ਫੇਜ਼-11, ਸੈਕਟਰ-79, ਸੈਕਟਰ-74 ਦੇ ਉਦਯੋਗਿਕ ਖੇਤਰ, ਪਿੰਡ ਧੁਰਾਲੀ ਅਤੇ ਪਿੰਡ ਮੋਟੇ ਮਾਜਰਾ ਵਿੱਚ ਸਥਿਤ ਨੇ , ਜੋ ਸ਼ਹਿਰੀ ਅਤੇ ਪੇਂਡੂ ਨੌਜਵਾਨਾਂ ਦੋਵਾਂ ਲਈ ਮਿਆਰੀ ਖੇਡ ਬੁਨਿਆਦੀ ਢਾਂਚੇ ਤੱਕ ਬਰਾਬਰ ਪਹੁੰਚ ਨੂੰ ਯਕੀਨੀ ਬਣਾਉਂਦੀਆਂ ਨੇ । ਇਸ ਮੌਕੇ 'ਤੇ ਬੋਲਦਿਆਂ, ਰਾਘਵ ਚੱਢਾ ਨੇ ਕਿਹਾ ਕਿ ਖੇਡਾਂ ਵਿੱਚ ਨਿਵੇਸ਼ ਕਰਨਾ, ਦੇਸ਼ ਦੇ ਭਵਿੱਖ ਵਿੱਚ ਇੱਕ ਨਿਵੇਸ਼ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਹੁੰਚਯੋਗ ਅਤੇ ਚੰਗੀ ਤਰ੍ਹਾਂ ਰੱਖ-ਰਖਾਅ ਵਾਲੀਆਂ ਖੇਡ ਸਹੂਲਤਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਟੀਮ ਵਰਕ, ਤੰਦਰੁਸਤੀ ਅਤੇ ਸਕਾਰਾਤਮਕ ਆਦਤਾਂ ਪੈਦਾ ਕਰਨ ਵਿੱਚ ਮਦਦ ਕਰਦੀਆਂ ਨੇ , ਨਾਲ ਹੀ ਉਨ੍ਹਾਂ ਨੂੰ ਨਸ਼ੀਲੇ ਪਦਾਰਥਾਂ ਅਤੇ ਹੋਰ ਸਮਾਜਿਕ ਚੁਣੌਤੀਆਂ ਤੋਂ ਵੀ ਦੂਰ ਰੱਖਦੀਆਂ ਨੇ ।

---------------------------------------------------------------------

ਪੰਜਾਬ ਮੰਤਰੀ ਮੰਡਲ ਨੇ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਤੇ ਹਸਪਤਾਲ ਸਥਾਪਤ ਕਰਨ ਲਈ 19 ਏਕੜ ਤੋਂ ਵੱਧ ਜ਼ਮੀਨ ਦੇਣ ਦੀ ਪ੍ਰਵਾਨਗੀ ਸਮੇਤ ਹੋਰ ਕਈ ਵੱਡੇ ਫੈਸਲਿਆਂ ਨੂੰ ਮਨਜ਼ੂਰੀ ਦਿੱਤੀ ਏ । ਕੱਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਵਿੱਚ ਜੈਨ ਭਾਈਚਾਰੇ ਵੱਲੋਂ ਘੱਟ ਗਿਣਤੀ ਮੈਡੀਕਲ ਕਾਲਜ ਸਥਾਪਤ ਕਰਨ ਵਾਸਤੇ ਬਾਬਾ ਹੀਰਾ ਸਿੰਘ ਭੱਠਲ ਟੈਕਨੀਕਲ ਕਾਲਜ, ਲਹਿਰਾਗਾਗਾ ਵਿੱਚ ਸਥਿਤ 19 ਏਕੜ 4 ਕਨਾਲ ਜ਼ਮੀਨ ਨਾਮਾਤਰ ਲੀਜ਼ ਦਰਾਂ ’ਤੇ ਜੈਨ ਭਾਈਚਾਰੇ ਨੂੰ ਦੇਣ ਦਾ ਫੈਸਲਾ ਕੀਤਾ ਏ । ਜੈਨ ਭਾਈਚਾਰੇ ਵੱਲੋਂ ਸਥਾਪਤ ਕੀਤੇ ਜਾਣ ਵਾਲੇ ਇਸ ਮੈਡੀਕਲ ਕਾਲਜ ਵਿੱਚ ਵਿਦਿਆਰਥੀਆਂ ਦਾ ਦਾਖ਼ਲਾ ਅਤੇ ਸੀਟਾਂ ਦੀ ਵੰਡ ਬਾਰੇ ਸੂਬਾ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਦਿਸ਼ਾ- ਨਿਰਦੇਸ਼ਾਂ ਦੀਆਂ ਸ਼ਰਤਾਂ ਦੀ ਸਖ਼ਤੀ ਨਾਲ ਪਾਲਣਾ ਹੋਵੇਗੀ। ਸਾਰੀਆਂ ਸ਼੍ਰੇਣੀਆਂ ਦੀਆਂ ਸੀਟਾਂ ਲਈ ਫੀਸ ਢਾਂਚਾ ਸੂਬਾ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਹੀ ਲਿਆ ਜਾਵੇਗਾ। ਮੰਤਰੀ ਮੰਡਲ ਨੇ ਇਹ ਵੀ ਫੈਸਲਾ ਕੀਤਾ ਕਿ ਟਰੱਸਟ ਨੂੰ ਸਮਝੌਤਾ ਪੱਤਰ ਦੇ ਲਾਗੂ ਹੋਣ ਦੀ ਤਰੀਕ ਤੋਂ ਪੰਜ ਸਾਲਾਂ ਦੇ ਅੰਦਰ-ਅੰਦਰ ਹਸਪਤਾਲ ਦਾ ਕੰਮਕਾਜ ਜਲਦੀ ਤੋਂ ਜਲਦੀ ਸ਼ੁਰੂ ਕਰਨਾ ਹੋਵੇਗਾ। ਮੰਤਰੀ ਮੰਡਲ ਨੇ ਪੰਜਾਬ ਪ੍ਰਾਈਵੇਟ ਡਿਜੀਟਲ ਓਪਨ ਯੂਨੀਵਰਸਿਟੀਜ਼ ਨੀਤੀ, 2026 ਨੂੰ ਵੀ

ਪ੍ਰਵਾਨਗੀ ਦੇ ਦਿੱਤੀ ਏ , ਜਿਸ ਦਾ ਉਦੇਸ਼ ਔਨਲਾਈਨ ਅਤੇ ਓਪਨ ਡਿਸਟੈਂਸ ਲਰਨਿੰਗ ਪ੍ਰੋਗਰਾਮਾਂ ਦੀ ਪੇਸ਼ਕਸ਼ ਕਰਨ ਵਾਲੀਆਂ ਪ੍ਰਾਈਵੇਟ ਡਿਜੀਟਲ ਓਪਨ ਯੂਨੀਵਰਸਿਟੀਆਂ ਨੂੰ ਨਿਯਮਤ ਅਤੇ ਉਤਸ਼ਾਹਿਤ ਕਰਨਾ ਏ । ਇਸਤੋਂ ਇਲਾਵਾ ਮੰਤਰੀ ਮੰਡਲ ਨੇ ਕੌਮੀ ਸ਼ਾਹਰਾਹ ਅਥਾਰਟੀ ਜਾਂ ਇਸ ਦੀਆਂ ਏਜੰਸੀਆਂ ਨੂੰ ਜਲ ਸਰੋਤ ਵਿਭਾਗ ਵਲੋਂ ਅਲਾਟ ਕੀਤੀਆਂ ਥਾਵਾਂ 'ਤੇ ਸਤਲੁਜ ਦਰਿਆ ਵਿੱਚ ਰੇਤ ਦੀ ਨਿਕਾਸੀ ਤਿੰਨ ਰੁਪਏ ਪ੍ਰਤੀ ਘਣ ਫੁੱਟ  ਦੇ ਹਿਸਾਬ ਨਾਲ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ। ਇਹ ਉਹ ਥਾਵਾਂ ਨੇ  ਜਿਸ ਕੀਮਤ 'ਤੇ ਸਿਸਵਾਂ ਡੈਮ ਤੋਂ ਗਾਰ ਕੱਢਣ ਦਾ ਇਕਰਾਰਨਾਮਾ ਕੀਤਾ ਗਿਆ ਸੀ।

-----------------------------------------------------------------------

ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਸਕੂਲ ਸਿੱਖਿਆ ਵਿਭਾਗ ਅਤੇ ਡਾ. ਬੀ. ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ , ਮੋਹਾਲੀ ਰਾਹੀਂ, ਸਰਕਾਰ ਨੇ ਸੂਬੇ ਭਰ ਦੇ ਸਕੂਲਾਂ ਦੇ ਮੁਖੀਆਂ ਲਈ ਢਾਂਚਾਗਤ ਸਿਖਲਾਈ ਅਤੇ ਜਾਗਰੂਕਤਾ ਵਰਕਸ਼ਾਪਾਂ ਦੀ ਸ਼ੁਰੂਆਤ ਕੀਤੀ ਏ  । ਇਹ ਪਹਿਲ ਇਸ ਸਮਝ 'ਤੇ ਅਧਾਰਤ ਏ ਕਿ ਮਾਨਸਿਕ ਸਿਹਤ ਕੋਈ ਬਾਹਰੀ ਮੁੱਦਾ ਨਹੀਂ ਏ ਬਲਕਿ ਬੱਚੇ ਦੇ ਭਾਵਨਾਤਮਕ, ਅਕਾਦਮਿਕ ਅਤੇ ਸਮਾਜਿਕ ਵਿਕਾਸ ਦੀ ਬੁਨਿਆਦ ਏ। ਹੁਣ ਤੱਕ ਦੇ ਪ੍ਰਮਾਣਾਂ ਤੋਂ ਪਤਾ ਲੱਗਦਾ ਏ ਕਿ ਮਾਨਸਿਕ ਸਿਹਤ ਸਬੰਧੀ

ਲਗਭਗ ਅੱਧੀਆਂ ਸਮੱਸਿਆਵਾਂ 14 ਸਾਲ ਦੀ ਉਮਰ ਤੋਂ ਪਹਿਲਾਂ ਉਭਰਨ ਲੱਗ ਪੈਂਦੀਆਂ ਨੇ, ਪੰਜਾਬ ਸਰਕਾਰ ਨੇ ਸਕੂਲਾਂ ਨੂੰ ਸਭ ਤੋਂ ਅਹਿਮ ਸ਼ੁਰੂਆਤੀ ਚੇਤਾਵਨੀ ਪ੍ਰਣਾਲੀ ਵਜੋਂ ਸਵੀਕਾਰ ਕੀਤਾ ਏ। ਸੂਬੇ ਭਰ ਦੇ ਨੌਜਵਾਨਾਂ ਵਿੱਚ ਚਿੰਤਾ, ਅਕਾਦਮਿਕ ਦਬਾਅ, ਗੁੱਸਾ, ਦੂਜੇ ਵੱਲੋਂ ਤੰਗ-ਪਰੇਸ਼ਾਨ ਕਰਨ ਅਤੇ ਘੱਟ ਉਮਰ ਵਿੱਚ ਨਸ਼ੀਲੇ ਪਦਾਰਥਾਂ ਦੀ ਵਰਤੋਂ ਵਰਗੀਆਂ ਸਮੱਸਿਆਵਾਂ ਸਾਹਮਣੇ ਆ ਰਹੀਆਂ ਹਨ। ਇਹਨਾਂ ਸੰਕੇਤਾਂ ਨੂੰ ਨਜ਼ਰਅੰਦਾਜ਼ ਕਰਨ ਦੀ ਬਜਾਏ, ਸਰਕਾਰ ਨੇ ਦੇਰੀ ਦੀ ਪ੍ਰਤੀਕ੍ਰਿਆ ਦੀ ਥਾਂ ਸ਼ੁਰੂਆਤੀ ਦਖਲ ਨੂੰ ਤਰਜ਼ੀਹ ਦਿੱਤੀ ਏ।

---------------------------------------------------------------------

ਅੱਜ ਸੇਵੇਰੇ ਹੁਸ਼ਿਆਰਪੁਰ ਵਿਚ ਇਕ ਕਾਰ ਅਤੇ ਬੱਸ ਦੀ ਟੱਕਰ ਹੋਣ ਕਾਰਨ ਵਾਪਰੇ ਹਾਦਸੇ ਵਿਚ 4 ਵਿਅਕਤੀਆਂ ਦੀ ਮੌਤ ਹੋ ਗਈ। ਪੁਲਿਸ ਸੂਤਰਾਂ ਮੁਤਾਬਿਕ ਇਹ ਚਾਰੇ ਵਿਅਕਤੀ ਹਿਮਾਚਲ ਪ੍ਰਦੇਸ਼ ਦੇ ਊਨਾ ਜ਼ਿਲੇ ਦੇ ਚਲੇਟ ਪਿੰਡ ਦੇ ਰਹਿਣ ਵਾਲੇ ਸਨ, ਜੋ ਆਪਣੇ ਇਕ ਰਿਸ਼ਤੇਦਾਰ ਨੂੰ ਅੰਮ੍ਰਿਤਸਰ ਹਵਾਈ ਅੱਡੇ ਛੱਡਣ ਜਾ ਰਹੇ ਸਨ

---------------------------------------------------------------------

ਪੰਜਾਬ ਭਰ ਵਿਚ ਲੋਹੜੀ ਅਤੇ ਬਸੰਤ ਪੰਚਮੀ ਦੇ ਤਿਉਹਾਰਾਂ ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲਾ ਪ੍ਰਸ਼ਾਸ਼ਨ ਵਲੋਂ ਨੇ ਪਤੰਗਬਾਜ਼ੀ ਦੌਰਾਨ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਦੀ ਅਪੀਲ ਕੀਤੀ ਗਈ ਏ।

ਖੰਨਾ ਤੋਂ ਸੀਨੀਅਰ ਪੁਲਿਸ ਕਪਤਾਨ ਡਾ. ਜੋਤੀ ਯਾਦਵ ਬੈਂਸ ਨੇ ਪਤੰਗਬਾਜ਼ੀ ਦੌਰਾਨ ਪਲਾਸਟਿਕ ਡੋਰ, ਜਿਸਨੂੰ ਆਮ ਤੌਰ 'ਤੇ ਚਾਈਨਾ ਡੋਰ ਕਿਹਾ ਜਾਂਦਾ ਏ , ਦੀ ਵਰਤੋਂ ਨਾ ਕਰਨ ਦੀ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਚਾਈਨਾ ਡੋਰ ਦੀ ਵਰਤੋਂ ਕਾਨੂੰਨੀ ਤੌਰ 'ਤੇ ਅਪਰਾਧ ਏ ਅਤੇ ਇਸ 'ਤੇ ਪੂਰੀ ਤਰ੍ਹਾਂ ਪਾਬੰਦੀ ਲਾਗੂ ਏ। ਇਸ ਡੋਰ ਨਾਲ ਇਨਸਾਨ ਪੰਛੀਆਂ ਅਤੇ ਪਸ਼ੂਆਂ ਸਬ ਨੂੰ ਖ਼ਤਰੇ ਏ । ਐਸ.ਐਸ.ਪੀ ਨੇ ਦੱਸਿਆ ਕਿ ਪਿਛਲੇ ਸਾਲਾਂ ਦੌਰਾਨ ਚਾਈਨਾ ਡੋਰ ਕਾਰਨ ਕਈ ਗੰਭੀਰ ਹਾਦਸੇ ਵਾਪਰ ਚੁੱਕੇ ਨੇ ਜਿਸ ਵਿੱਚ ਨੌਜਵਾਨਾਂ ਦੇ ਗਲੇ ਕਟਣ, ਦੋਪਹੀਆ ਵਾਹਨ ਚਾਲਕਾਂ ਦੇ ਜ਼ਖ਼ਮੀ ਹੋਣ ਅਤੇ ਪੰਛੀਆਂ ਦੀ ਮੌਤ ਵਰਗੀਆਂ ਘਟਨਾਵਾਂ ਸਾਹਮਣੇ ਆਈਆਂ ਨੇ । ਇਸੇ ਕਰਕੇ ਜ਼ਿਲ੍ਹਾ ਪੁਲਿਸ ਵੱਲੋਂ ਇਸ ਵਾਰ ਪੂਰੀ ਸਖ਼ਤੀ ਨਾਲ ਨਿਗਰਾਨੀ ਕੀਤੀ ਜਾਵੇਗੀ। ਉਨ੍ਹਾਂ ਸਪਸ਼ਟ ਕੀਤਾ ਕਿ ਤਿਉਹਾਰਾਂ ਦੇ ਦਿਨਾਂ 'ਚ ਪੁਲਿਸ ਟੀਮਾਂ ਡ੍ਰੋਨ ਕੈਮਰਿਆਂ ਦੀ ਮਦਦ ਨਾਲ ਇਲਾਕਿਆਂ 'ਤੇ ਨਜ਼ਰ ਰੱਖਣਗੀਆਂ ਅਤੇ ਲੋੜ ਪੈਣ 'ਤੇ ਘਰਾਂ ਦੀਆਂ ਛੱਤਾਂ ਉਪਰ ਜਾ ਕੇ ਵੀ ਚੈਕਿੰਗ ਕੀਤੀ ਜਾਵੇਗੀ। ਜੇਕਰ ਕਿਸੇ ਕੋਲੋਂ ਵੀ ਚਾਈਨਾ ਡੋਰ ਬਰਾਮਦ ਹੁੰਦੀ ਏ ਜਾਂ ਇਸਦੀ ਵਰਤੋਂ ਕਰਦਾ ਹੋਇਆ ਪਾਇਆ ਜਾਂਦਾ ਏ ਤਾਂ ਉਸ ਖ਼ਿਲਾਫ਼ ਤੁਰੰਤ ਮਾਮਲਾ ਦਰਜ ਕੀਤਾ ਜਾਵੇਗਾ ਅਤੇ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

---------------------------------------------------------------------

ਮਹਿਲਾ ਪ੍ਰੀਮੀਅਰ ਲੀਗ ਵਿੱਚ, ਯੂਪੀ ਵਾਰੀਅਰਜ਼ ਦਾ ਮੁਕਾਬਲਾ ਅੱਜ ਗੁਜਰਾਤ ਜਾਇੰਟਸ ਨਾਲ ਹੋਵੇਗਾ । ਇਹ ਮੈਚ ਨਵੀਂ ਮੁੰਬਈ ਵਿੱਚ ਬਾਅਦ ਦੁਪਹਿਰ 3 ਵਜੇ ਸ਼ੁਰੂ ਹੋਵੇਗਾ। ਕੱਲ੍ਹ ਖੇਡੇ ਗਏ ਇੱਕ ਮੈਚ ਵਿੱਚ, ਰਾਇਲ ਚੈਲੇਂਜਰਜ਼ ਬੰਗਲੌਰ ਨੇ ਮੌਜੂਦਾ ਚੈਂਪੀਅਨ, ਮੁੰਬਈ ਇੰਡੀਅਨਜ਼ ਨੂੰ ਤਿੰਨ ਵਿਕਟਾਂ ਨਾਲ ਹਰਾਇਆ। ਚੌਥੀ ਮਹਿਲਾ ਪ੍ਰੀਮੀਅਰ ਲੀਗ ਦੋ ਥਾਵਾਂ 'ਤੇ ਖੇਡੀ ਜਾ ਰਹੀ ਏ। ਇਨ੍ਹਾਂ ਵਿੱਚ ਨਵੀਂ ਮੁੰਬਈ ਵਿੱਚ, ਡਾ. D.Y ਪਾਟਿਲ ਸਪੋਰਟਸ ਅਕੈਡਮੀ ਅਤੇ ਵਡੋਦਰਾ ਵਿੱਚ B.C.A ਸਟੇਡੀਅਮ ਸ਼ਾਮਲ ਨੇ। ਨਵੀਂ ਮੁੰਬਈ ਤੋਂ ਬਾਅਦ, ਬਾਕੀ 11 ਮੈਚ ਵਡੋਦਰਾ ਵਿੱਚ ਖੇਡੇ ਜਾਣਗੇ। ਇਨ੍ਹਾਂ ਵਿੱਚ ਪਲੇ-ਆਫ ਮੈਚ ਵੀ ਸ਼ਾਮਲ ਨੇ।